ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)

ਅਧਿਸੂਚਨਾ

ਮਿਤੀ,ਚੰਡੀਗੜ੍ਹ: 22/10/2018

ਨੰ: 16/07/2016-5ਸਸ3/1338055/1 ਜਿਵੇਂ ਕਿ ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 2 ਮਿਤੀ 15-05-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ ਵਲੋਂ ਆਪਣੇ ਮਤਾ ਨੰ:54 ਮਿਤੀ 16-10-2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955 (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਅਤੇ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/- ਰੁਪਏ | ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ |
| 4 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ |
| 5 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸ਼ਨ | 1000/- ਰੁਪਏ | ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ |
| 6 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸ਼ਨ | 500/- ਰੁਪਏ | ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ |
| 7 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਸ੍ਰੀ ਮੁਕਤਸਰ ਸਾਹਿਬ |
| 8 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਸ੍ਰੀ ਮੁਕਤਸਰ ਸਾਹਿਬ |

ਮਿਤੀ: ਚੰਡੀਗੜ੍ਹ
12.10.2018

ਏ.ਵੇਨੂੰ.ਪ੍ਰਸਾਦ, ਆਈ.ਏ.ਐਸ.
ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/07/2016-5ਸਸ3//1338055/2 ਮਿਤੀ, ਚੰਡੀਗੜ: 22/10/2018

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਇਸ ਦੀਆਂ 10 ਕਾਪੀਆਂ ਸਰਕਾਰ ਨੂੰ ਰਿਕਾਰਡ ਲਈ ਭੇਜ ਦਿੱਤੀਆ ਜਾਣ।

ਅਧੀਨ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/07/2016-5ਸਸ3/ ਮਿਤੀ, ਚੰਡੀਗੜ:

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ ਚੰਡੀਗੜ੍ਹ।
5 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
6 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
7 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
8 ਡਿਪਟੀ ਕਮਿਸ਼ਨਰ, ਸ੍ਰੀ ਮੁਕਤਸਰ ਸਾਹਿਬ।
9 ਉਪ-ਮੰਡਲ ਮੈਜਿਸਟਰੇਟ, ਸ੍ਰੀ ਮੁਕਤਸਰ ਸਾਹਿਬ।
10 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਬਠਿੰਡਾ।
11 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਸ੍ਰੀ ਮੁਕਤਸਰ ਸਾਹਿਬ।
12 ਜਿਲ੍ਹਾਂ ਟਰਾਂਸਪੋਰਟ ਅਫਸਰ, ਸ੍ਰੀ ਮੁਕਤਸਰ ਸਾਹਿਬ।
13 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
14 ਦਫਤਰ ਟਾਊਨ ਪਲਾਨੈਰ, ਸਥਾਨਕ ਸੁਰਕਾਰ ਵਿਭਾਗ, ਪੰਜਾਬ, ਸੈਕਟਰ-35, ਚੰਡੀਗੜ੍ਹ।
15 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਬਠਿੰਡਾ।

ਅਧੀਨ ਸਕੱਤਰ, ਸਥਾਨਕ ਸਰਕਾਰ